# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 02-11-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦੀ ਵਚਨਬੱਧਤਾ ਉੱਤੇ ਜੋਰ ਦਿੰਦੇ ਹੋਏ ਕਿਹਾ ਏ ਕਿ ਇਸ ਲਈ ਮਰਦਾਂ ਤੇ ਔਰਤਾਂ ਦੀ ਬਰਾਬਰ ਭਾਈਵਾਲੀ ਜ਼ਰੂਰੀ ਏ। ਉੱਤਰਾਖੰਡ ਦੇ ਹਰਿਦੁਆਰ ਵਿਚ ਪਤੰਜਲੀ ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਰੋਹ ਵਿਚ ਉਨ੍ਹਾਂ ਨੇ ਸਾਰਿਆਂ ਨੂੰ ਦੇਸ਼ ਨੂੰ ਵਿਕਸਤ ਰਾਸ਼ਟਰ ਬਣਾਉਣ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਤੇ ਔਰਤਾਂ ਦੀ ਸਿੱਖਿਆ ਦੇ ਮਹੱਤਵ ਉੱਤੇ ਜੋਰ ਦਿੱਤਾ। ਰਾਸ਼ਟਰਪਤੀ ਉੱਤਰਾਖੰਡ ਦੇ ਤਿੰਨ ਦਿਨਾ ਦੌਰੇ ਉੱਤੇ ਨੇ।

-------------------------------------------------------

ਪ੍ਰਸਾਰ ਭਾਰਤੀ, ਸੱਭਿਆਚਾਰ ਮੰਤਰਾਲੇ ਦੇ ਸਹਿਯੋਗ ਨਾਲ ਅੱਜ ਤੋਂ ਆਕਾਸ਼ਵਾਣੀ ਸੰਗੀਤ ਸੰਮੇਲਨ ਦਾ 67ਵਾਂ ਅਡੀਸ਼ਨ ਕਰਵਾ ਰਿਹਾ ਏ, ਜਿਹੜਾ ਕਿ 29 ਨਵੰਬਰ ਤੱਕ ਜਾਰੀ ਰਹੇਗਾ। ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਦੱਸਿਆ ਏ ਕਿ ਆਲ ਇੰਡੀਆ ਰੇਡੀਓ ਸੰਗੀਤ ਸੰਮੇਲਨ

1954 ਵਿਚ ਪਹਿਲੀ ਵਾਰ ਕਰਵਾਇਆ ਗਿਆ ਸੀ। ਇਸ ਬਾਰੇ ਪ੍ਰਸਾਰ ਭਾਰਤੀ ਦੇ ਸੀ.ਈ.ਓ. ਗੌਰਵ ਦਿਵੇਦੀ ਨੇ ਕਿਹਾ ਏ ਕਿ ਕੋਵਿਡ-19 ਮਹਾਂਮਾਰੀ ਕਾਰਨ ਕੁਝ ਸਮੇਂ ਲਈ ਰੁਕਣ ਤੋਂ ਬਾਅਦ, ਇਹ ਸੰਗੀਤ ਸੰਮੇਲਨ ਨਵੇਂ ਰੂਪ ਵਿਚ ਵਾਪਸ ਆ ਰਿਹਾ ਏ। ਇਸ ਸਾਲ ਦੇ ਸੰਮੇਲਨ ਵਿਚ ਹਰੇਕ ਕੇਂਦਰ ਉੱਤੇ ਦੋ ਪ੍ਰੋਗਰਾਮ ਹੋਣਗੇ, ਇਨ੍ਹਾਂ ਵਿੱਚੋਂ ਇਕ ਭਾਰਤੀ ਸ਼ਾਸਤਰੀ ਸੰਗੀਤ ਨੂੰ ਅਤੇ ਦੂਜਾ ਲੋਕ ਸੰਗੀਤ ਨੂੰ ਸਮਰਪਿਤ ਹੋਵੇਗਾ।

-----------------------------------------------------

ਪੰਜਾਬ ਦੇ ਬਾਗਬਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਦੇ ਕੌਂਸਲਰਾਂ ਨੂੰ ਪਾਰਟੀ ਦਫਤਰ ਵਿਚ 32 ਨਵੀਆਂ ਫੌਗਿੰਗ ਮਸ਼ੀਨਾਂ ਦੀ ਵੰਡ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਭਗਤ ਨੇ ਕਿਹਾ ਕਿ ਇਹ ਮਸ਼ੀਨਾਂ ਆਲਾ-ਦੁਆਲਾ ਸਾਫ਼ ਰੱਖਣ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ, ਡੇਂਗੂ, ਮਲੇਰੀਆ ਤੇ ਚਿਕਨਗੁਨੀਆਂ ਨੂੰ ਰੋਕਣ ਵਿਚ ਅਹਿਮ ਭੂਮਿਕਾ ਨਿਭਾਉਣਗੀਆਂ। ਕੈਬਨਿਟ ਮੰਤਰੀ ਨੇ ਬਾਲੀਵੁੱਡ ਅਦਾਕਾਰ ਸਲਮਾਨ ਖਾਨ ਦੀ 'ਬੀਇੰਗ ਹਿਊਮਨ ਫਾਊਂਡੇਸ਼ਨ' ਵੱਲੋਂ ਇਹ ਫੌਗਿੰਗ ਮਸ਼ੀਨਾਂ ਦਾਨ ਕਰਨ ਦੀ ਪ੍ਰਸ਼ੰਸਾ ਕੀਤੀ।

-----------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਚ ਬੀਤੇ ਕੱਲ੍ਹ 6ਵੀਂ ਵਿਸ਼ਵ ਪੱਧਰੀ ਅਲੁਮਨਾਈ ਮੀਟ ਕਰਵਾਈ ਗਈ। ਇਸ ਮੌਕੇ ਸੁਪਰੀਮ ਕੋਰਟ ਦੇ ਸਾਬਕਾ ਜਸਟਿਸ ਸਵਤੰਤਰ ਕੁਮਾਰ, ਚੰਡੀਗੜ੍ਹ ਦੇ ਡੀ.ਜੀ.ਪੀ. ਡਾ. ਸਾਗਰਪ੍ਰੀਤ ਹੁੱਡਾ, ਪਦਮ ਸ਼੍ਰੀ ਪ੍ਰੋ. ਨੀਲਮ ਮਾਨਸਿੰਘ ਚੌਧਰੀ ਸਮੇਤ ਹਜ਼ਾਰ ਤੋਂ ਵੱਧ ਸਾਬਕਾ ਵਿਦਿਆਰਥੀ, ਫੈਕਲਟੀ ਮੈਂਬਰ, ਖੋਜਾਰਥੀ, ਉਦਯੋਗਪਤੀ, ਮੌਜੂਦਾ ਤੇ ਸਾਬਕਾ ਕੁਲਪਤੀ ਤੇ ਐਨ.ਆਰ.ਆਈਜ਼ ਮੌਜੂਦ ਰਹੇ। ਇਸ ਸਮਾਰੋਹ ਵਿਚ ਸ਼ਿਰਕਤ ਕਰਨ ਵਾਲਿਆਂ ਨੇ ਯੂਨੀਵਰਸਿਟੀ ਦੇ ਸ਼ਾਨਦਾਰ ਅਤੀਤ ਦੀਆਂ ਯਾਦਾਂ ਤੇ ਭਵਿੱਖ ਦੇ ਸੁਪਨੇ ਸਾਂਝੇ ਕੀਤੇ। ਉਪ ਕੁਲਪਤੀ ਪ੍ਰੋ. ਰੇਣੂ ਵਿਗ ਨੇ ਆਲਮੀ ਅਲੁਮਨਾਈ ਨੈੱਟਵਰਕ ਦੇ ਯੋਗਦਾਨ ਉੱਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਸਾਬਕਾ ਵਿਦਿਆਰਥੀਆਂ ਦੀ ਬਦੌਲਤ ਯੂਨੀਵਰਸਿਟੀ ਬਿਜ਼ਨਸ ਸਕੂਲ ਦੀਆਂ ਆਧੁਨਿਕ ਸੁਵਿਧਾਵਾਂ ਅਤੇ ਬਾਇਓਫਿਜ਼ਕਸ, ਹਿਊਮਨ ਜੀਨੋਮ ਸਟੱਡੀਜ਼, ਡਿਫੈਂਸ ਅਤੇ ਕੰਪਿਊਟਰ ਸਾਇੰਸ ਵਰਗੇ ਖੇਤਰਾਂ ਵਿਚ ਅਤਿ-ਆਧੁਨਿਕ ਰਿਸਰਚ ਸੈਂਟਰ ਸਥਾਪਤ ਕੀਤੇ ਗਏ ਹਨ। ਪ੍ਰੋ. ਵਿਗ ਨੇ ਕਿਹਾ ਕਿ ਯੂਨੀਵਰਸਿਟੀ ਦੇ 51 ਫੈਕਲਟੀ ਮੈਂਬਰ ਦੁਨੀਆ ਦੇ ਸਿਖਰਲੇ ਦੋ ਫੀਸਦੀ ਵਿਗਿਆਨੀਆਂ ਵਿਚ ਸ਼ਾਮਲ ਨੇ ਅਤੇ ਇਸ ਸਾਲ 33 ਪੇਟੈਂਟ ਯੂਨਿਵਰਸਿਟੀ ਵਲੋ ਦਰਜ ਕੀਤੇ ਗਏ ਨੇ। ਉਨ੍ਹਾਂ ਅਲੁਮਨਾਈਜ਼ ਨੂੰ ਸਟਾਰਟਅੱਪ ਇਕੋਸਿਸਟਮ ਵਿੱਚ ਨਿਵੇਸ਼ ਲਈ

ਸਹਿਯੋਗ ਦੀ ਅਪੀਲ ਕੀਤੀ ਤਾਂ ਜੋ ਨੌਜਵਾਨ ਪੀੜ੍ਹੀ ਨਵੀਆਂ ਉੱਚਾਈਆਂ ਨੂੰ ਛੂਹ ਸਕੇ।

---------------------------------------------------------------------

ਜਲੰਧਰ ਦੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਸਿੰਘ ਵਿਰਕ ਨੇ ਦੱਸਿਆ ਏ ਕਿ ਭਲਕੇ 3 ਨਵੰਬਰ ਤੋਂ **ਜੀਵਨ ਪ੍ਰਮਾਣ ਪੱਤਰ** ਅਪਲੋਡ ਕਰਨ ਸਬੰਧੀ ਪੰਦਰਵਾੜਾ ਮਨਾਇਆ ਜਾ ਰਿਹਾ ਏ, ਜਿਹੜਾ ਕਿ 17 ਨਵੰਬਰ ਤੱਕ ਜਾਰੀ ਰਹੇਗਾ। ਇਸੇ ਸਿਲਸਿਲੇ ਵਿਚ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਜਲੰਧਰ ਵਿਚ ਸਪਰਸ਼ ਪ੍ਰਣਾਲੀ ਰਾਹੀਂ ਜੀਵਨ ਪ੍ਰਮਾਣ ਪੱਤਰ ਅਪਲੋਡ ਕਰਨ ਲਈ ਇਸ ਕੈਂਪ ਵਿਚ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਾਬਕਾ ਸੈਨਿਕਾਂ ਤੇ ਸੈਨਿਕਾਂ ਦੀਆਂ ਵਿਧਵਾਵਾਂ ਨੂੰ ਨਵੰਬਰ ਮਹੀਨੇ ਆਪਣੇ ਜੀਵਨ ਪ੍ਰਮਾਣ ਪੱਤਰ ਸਪਰਸ਼ ਪ੍ਰਣਾਲੀ ਰਾਹੀਂ ਅਪਲੋਡ ਕਰਨੇ ਪੈਂਦੇ ਨੇ, ਕੈਂਪ ਵਿਚ ਇਸ ਸਬੰਧ ਵਿਚ ਸਹਾਇਤਾ ਕੀਤੀ ਜਾਵੇਗੀ।

---------------------------------------------------------------------

ਇੰਡੀਅਨ ਆਇਲ ਮੁੰਬਈ ਨੇ ਭਾਰਤੀ ਰੇਲਵੇ ਦਿੱਲੀ ਨੂੰ 2-1 ਨਾਲ ਹਰਾ ਕੇ ਲਗਾਤਾਰ ਤੀਜੀ ਵਾਰ ਅਤੇ ਕੁੱਲ ਮਿਲਾ ਕੇ 7ਵੀਂ ਵਾਰ 42ਵੀਂ

ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟਰਾਫੀ ਜਿੱਤ ਲਈ ਏ। ਇਹ ਮੈਚ ਬੀਤੀ ਰਾਤ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਚ ਖੇਡਿਆ ਗਿਆ। ਜੇਤੂ ਟੀਮ ਨੇ ਦੋਵੇਂ ਗੋਲ ਪੈਨਲਟੀ ਕਾਰਨਰ ਰਾਹੀਂ ਕੀਤੇ, ਜਦਕਿ ਭਾਰਤੀ ਰੇਲਵੇ ਦੀ ਟੀਮ ਇਕ ਫੀਲਡ ਗੋਲ ਕਰਨ ਵਿਚ ਸਫਲ ਰਹੀ । ਇੰਡੀਅਨ ਆਇਲ ਟੀਮ ਦੇ ਤਲਵਿੰਦਰ ਸਿੰਘ ਨੂੰ ਟੂਰਨਾਮੈਂਟ ਦਾ ਸਰਬੋਤਮ ਖਿਡਾਰੀ ਐਲਾਨਿਆ ਗਿਆ, ਜਦੋਂ ਕਿ ਪੰਜਾਬ ਪੁਲਿਸ ਟੀਮ ਦੇ ਕਪਤਾਨ, ਓਲੰਪੀਅਨ ਹਰਮਨਪ੍ਰੀਤ ਸਿੰਘ ਨੂੰ ਟੂਰਨਾਮੈਂਟ ਦਾ ਸਰਬੋਤਮ ਸਕੋਰਰ ਐਲਾਨਿਆ ਗਿਆ ਏ

---------------------------------------------------------

ਔਰਤਾਂ ਦੇ ICC ਕ੍ਰਿਕੇਟ ਵਿਸ਼ਵ ਕੱਪ ਦੇ ਫਾਈਨਲ ਵਿਚ, ਅੱਜ ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਨਾਲ ਹੋਵੇਗਾ। ਇਹ ਮੈਚ ਨਵੀਂ ਮੁੰਬਈ ਦੇ ਡੀ.ਵਾਈ. ਪਾਟਿਲ ਸਟੇਡੀਅਮ ਵਿਚ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਵੇਗਾ। ਭਾਰਤੀ ਟੀਮ ਤੀਜੀ ਵਾਰ ਵਿਸ਼ਵ ਕੱਪ ਫਾਈਨਲ ਖੇਡੇਗੀ, ਜਦੋਂ ਕਿ ਦੱਖਣੀ ਅਫਰੀਕਾ ਦਾ ਇਹ ਪਹਿਲਾ ਵਿਸ਼ਵ ਕੱਪ ਫਾਈਨਲ ਏ।